20102025-Ludhiana-08.qxd 19-Oct-25 11:39 PM Page 1



# ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵਿਖੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਸਮਾਗਮ

## • ਜਥੇਦਾਰ ਤਲਵੰਡੀ ਵਲੋਂ ਪਹੁੰਚੀਆਂ ਸ਼ਖ਼ਸੀਅਤਾਂ ਦਾ ਸਨਮਾਨ

ਗੁਰੂਸਰ ਸੁਧਾਰ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)-ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਗੁਰੂਸਰ ਸੁਧਾਰ ਵਿਖੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨਾਲ ਸਬੰਧ ਰੱਖਦੇ 'ਬੰਦੀ ਛੋੜ ਦਿਵਸ' ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਬੀਤੇ ਦਿਨਾਂ ਤੋਂ ਪ੍ਰਕਾਸ਼ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਅਹਿਮ ਸ਼ਖ਼ਸੀਅਤਾਂ ਸਿੰਘ ਸਾਹਿਬ ਗਿਆਨੀ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ ਹੋਰਨਾਂ ਨੇ ਆਪਣੀ ਹਾਜ਼ਰੀ ਭਰੀ। ਸਿੰਘ ਸਾਹਿਬ ਗਿਆਨੀ ਗੁਰਜੰਟ ਸਿੰਘ ਨੇ ਇਸ ਮੌਕੇ ਹਾਜ਼ਰ ਸੰਗਤਾਂ ਨਾਲ ਕਥਾ-ਵਿਚਾਰਾਂ ਦੀ ਸਾਂਝ ਪਾਉਂਦਿਆਂ ਬੰਦੀ ਛੋੜ ਦਿਵਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਤੇ ਸਿੱਖੀ ਪ੍ਰੰਪਰਾਵਾਂ ਨੂੰ ਪੂਰਨ ਰੂਪ ਵਿਚ ਧਾਰਨ ਕਰਨ ਦੀ ਅਪੀਲ ਕੀਤੀ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਨਿਰਭੈ ਸਿੰਘ ਤੇ ਸਾਥੀਆਂ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਗੁਰੂਸਰ ਸੁਧਾਰ ਦੇ ਹਜ਼ੂਰੀ ਰਾਗੀ ਭਾਈ ਰੁਪਿੰਦਰ ਸਿੰਘ ਦੇ ਜਥੇ ਨੇ ਵੀ ਸ਼ਬਦ ਕੀਰਤਨ ਰਾਹੀਂ ਆਪਣੀ ਹਾਜ਼ਰੀ ਲਵਾਈ। ਇਸ ਤੋਂ ਬਿਨਾਂ ਢਾਡੀ ਜਥਾ ਭਾਈ ਬਲਵਿੰਦਰ ਸਿੰਘ ਰੌਣੀ ਤੇ ਸਾਥੀਆਂ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਜੀਵਨ ਸੰਬੰਧੀ ਪ੍ਰਸੰਗ-ਵਾਰਾਂ ਪੇਸ਼ ਕੀਤੀਆਂ। ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਜਗਜੀਤ ਸਿੰਘ ਤਲਵੰਡੀ ਨੇ ਸੰਗਤਾਂ ਨੂੰ ਬੰਦੀ ਛੋੜ ਦਿਵਸ ਨੂੰ ਸਮਰਪਿਤ ਕਰਵਾਏ ਗੁਰਮਤਿ ਸਮਾਗਮ ਦੀ ਸਫ਼ਲਤਾ ਲਈ ਵਧਾਈ ਦਿੱਤੀ ਤੇ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਜਥੇਦਾਰ ਜਗਜੀਤ ਸਿੰਘ ਤਲਵੰਡੀ ਤੋਂ ਇਲਾਵਾ ਸਰਕਲ ਪ੍ਰਧਾਨ ਸੁਧਾਰ ਗੁਰਚੀਨ ਸਿੰਘ ਚਾਹਲ, ਮੈਨੇਜਰ ਅਮਰੀਕ ਸਿੰਘ ਦਿਓਲ, ਜਥੇਦਾਰ ਇੰਦਰਜੀਤ ਸਿੰਘ ਗਿੱਲ, ਸਰਪੰਚ ਹਰਮੇਲ ਸਿੰਘ ਧਾਲੀਵਾਲ, ਪ੍ਰਧਾਨ ਚਰਨਜੀਤ ਸਿੰਘ ਗਿੱਲ, ਪ੍ਰਧਾਨ ਹਰਮੇਲ ਸਿੰਘ ਗਿੱਲ, ਪ੍ਰਧਾਨ ਰਜਿੰਦਰ ਸਿੰਘ ਧਾਲੀਵਾਲ, ਪ੍ਰਧਾਨ ਕਰਮਜੀਤ ਸਿੰਘ, ਸੁਖਜੰਤ ਸਿੰਘ ਗਿੱਲ, ਬਿੰਦਰ ਸਿੰਘ ਗਿੱਲ, ਗੁਰਜੰਟ ਸਿੰਘ ਗ੍ਰੰਥੀ, ਗੁਰਵਿੰਦਰ ਸਿੰਘ ਸਟੋਰਕੀਪਰ, ਖ਼ਜ਼ਾਨਚੀ ਬਲਜੀਤ ਸਿੰਘ, ਪ੍ਰਚਾਰਕ ਭਾਈ ਅੰਮ੍ਰਿਤਪਾਲ ਸਿੰਘ, ਭਗਵੰਤ ਸਿੰਘ, ਇੰਸਪੈਕਟਰ ਪਵਨਦੀਪ ਸਿੰਘ, ਮਨਪ੍ਰੀਤ ਸਿੰਘ ਗੁ: ਸਾਹਿਬ ਇੰਸਪੈਕਟਰ, ਲੇਖਾਕਾਰ ਹਰਪ੍ਰੀਤ ਸਿੰਘ ਰਾਏਕੋਟ, ਮਨਦੀਪ ਸਿੰਘ, ਨਰਿੰਦਰ ਸਿੰਘ, ਗੁਰਿੰਦਰ ਸਿੰਘ ਗਿੱਕਾ, ਗੁਰਇਕਬਾਲ ਸਿੰਘ ਆਦਿ ਸਮੇਤ ਹੋਰ ਹਾਜ਼ਰ ਸਨ।



ਗੁਰਮਤਿ ਸਮਾਗਮ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੂੰ ਸਨਮਾਨਿਤ ਕਰਦੇ ਜਥੇਦਾਰ ਜਗਜੀਤ ਸਿੰਘ ਤਲਵੰਡੀ, ਸਰਕਲ ਪ੍ਰਧਾਨ ਗੁਰਚੀਨ ਸਿੰਘ ਚਾਹਲ, ਮੈਨੇਜਰ ਅਮਰੀਕ ਸਿੰਘ ਦਿਓਲ, ਚਰਨਜੀਤ ਸਿੰਘ ਗਿੱਲ, ਹਰਮੇਲ ਸਿੰਘ ਗਿੱਲ ਤੇ ਹੋਰ। ਤਸਵੀਰ: ਬਲਵਿੰਦਰ ਸਿੰਘ ਧਾਲੀਵਾਲ



ਗੁਰਦੁਆਰਾ ਦਸਮੇਸ਼ ਨਗਰ ਜਗਰਾਉਂ ਤੋਂ ਪ੍ਰਕਾਸ਼ ਪੁਰਬ ਮੌਕੇ ਸਜਾਏ ਜਾਣ ਵਾਲੇ ਨਗਰ ਕੀਰਤਨ ਸੰਬੰਧੀ ਮੀਟਿੰਗ ਸਮੇਂ ਪ੍ਰਬੰਧਕ। ਅਜੀਤ ਤਸਵੀਰ

# ਪ੍ਰਕਾਸ਼ ਪੁਰਬ 'ਤੇ ਸਜਾਏ ਜਾਣ ਵਾਲੇ ਨਗਰ ਕੀਰਤਨ ਸੰਬੰਧੀ ਮੀਟਿੰਗ

ਜਗਰਾਉਂ, 19 ਅਕਤੂਬਰ (ਹਰਵਿੰਦਰ ਸਿੰਘ ਖ਼ਾਲਸਾ)-ਗੁਰਦੁਆਰਾ ਦਸਮੇਸ਼ ਨਗਰ ਜਗਰਾਉਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੀਟਿੰਗ ਹੋਈ। ਇਸ ਮੌਕੇ ਜਾਣਕਾਰੀ ਦਿੰਦਿਆਂ ਰਮਿੰਦਰਜੀਤ ਸਿੰਘ ਗਿੱਲ ਸੀਨੀਅਰ ਮੀਤ ਪ੍ਰਧਾਨ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਖ਼ੁਸ਼ੀ 'ਚ ਪਹਿਲਾ ਵਿਸ਼ਾਲ ਨਗਰ ਕੀਰਤਨ ਮਿਤੀ 1 ਨਵੰਬਰ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਬੜੀ ਸ਼ਰਧਾ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਗੁਰਦੁਆਰਾ ਦਸਮੇਸ਼ ਨਗਰ ਤੋਂ ਸਜਾਇਆ ਜਾਵੇਗਾ। ਇਸ ਮੌਕੇ ਨਗਰ ਕੀਰਤਨ ਮਲਕ ਰੋਡ, ਸ਼ਕਤੀ ਨਗਰ, ਬੇਸਿਕ ਸਕੂਲ ਪੁਲ ਥੱਲੇ, ਤਹਿਸੀਲ ਰੋਡ, ਹੀਰਾ ਬਾਗ, ਹੀਰਾ ਬਾਗ ਗਲੀ ਨੰਬਰ 7, ਸੂਆ ਰੋਡ ਤੋਂ ਤਹਿਸੀਲ ਰੋਡ, ਬੱਸ ਸਟੈਂਡ, ਬੱਸ ਸਟੈਂਡ, ਦਸਮੇਸ਼ ਨਗਰ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਦਸਮੇਸ਼ ਨਗਰ ਪਹੁੰਚ ਕੇ ਸਮਾਪਤ ਹੋਵੇਗਾ। ਨਗਰ ਕੀਰਤਨ 'ਚ ਫੌਜੀ ਬੈਂਡ, ਬਰਾਸ ਬੈਂਡ, ਗਤਕਾ ਪਾਰਟੀਆਂ, ਸਕੂਲ ਦੇ ਬੱਚੇ, ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਉਣਗੇ ਅਤੇ ਪੰਥ ਪ੍ਰਸਿੱਧ ਰਾਗੀ, ਢਾਡੀ ਜਥੇ ਗੁਰਬਾਣੀ, ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਸਮੇਂ ਮਨਜੀਤ ਸਿੰਘ ਤੂਰ ਪ੍ਰਧਾਨ, ਰਜਿੰਦਰਜੀਤ ਸਿੰਘ ਗਿੱਲ ਸੀਨੀਅਰ ਮੀਤ ਪ੍ਰਧਾਨ, ਭਾਗ ਸਿੰਘ ਮੀਤ ਪ੍ਰਧਾਨ, ਮੇਜਰ ਸਿੰਘ ਜਨਰਲ ਸਕੱਤਰ, ਕੁਲਦੀਪ ਸਿੰਘ ਕੈਸ਼ੀਅਰ, ਜਸਵਿੰਦਰ ਸਿੰਘ ਐਡੀਟਰ, ਹਰਿੰਦਰਪਾਲ ਸਿੰਘ ਮਜੀਠਾ, ਕੁਲਵੰਤ ਸਿੰਘ ਜਗਦੇ, ਜਗਦੇਵ ਸਿੰਘ ਕੋਕਰੀ, ਬਲਵੰਤ ਸਿੰਘ, ਜਰਨੈਲ ਸਿੰਘ ਰਾਏ, ਪੁਸ਼ਪਿੰਦਰ ਸਿੰਘ, ਬਸੰਤ ਸਿੰਘ, ਰਜਿੰਦਰ ਸਿੰਘ ਮੈਨੇਜਰ, ਸੁਖਵਿੰਦਰ ਸਿੰਘ ਕੱਕੂ, ਚਰਨਜੀਤ ਸਿੰਘ, ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਖ਼ਾਲਸਾ, ਬਲਵੀਰ ਸਿੰਘ ਪੱਪੂ, ਨਛੱਤਰ ਸਿੰਘ, ਬਲਵੀਰ ਸਿੰਘ, ਮਾਸਟਰ ਗੁਰਪ੍ਰੀਤ ਸਿੰਘ, ਮਨਤੇਜ ਸਿੰਘ ਗਿੱਲ, ਪ੍ਰੇਮ ਲੋਹਟ ਮੈਨੇਜਰ, ਨਛੱਤਰ ਸਿੰਘ ਮੈਨੇਜਰ, ਜਗਪਾਲ ਸਿੰਘ ਛੀਨਾ, ਬਿੱਟੂ, ਗੁਰਜੀਤ ਸਿੰਘ ਸੋਨੀ, ਮਾ: ਹਰਬੰਸ ਸਿੰਘ ਅਖਾੜਾ, ਡਾ: ਦਿਲਬਾਗ ਸਿੰਘ, ਮਾ: ਤਾਰਾ ਸਿੰਘ, ਬਿੰਦਾ ਢੋਲਣ ਆਦਿ ਹਾਜ਼ਰ ਸਨ।



ਗੁਰਦੁਆਰਾ ਸਾਹਿਬ ਚੜ੍ਹਦੀ ਕਲਾ ਹੰਬੜਾਂ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਸਮੇਂ ਸੰਗਤਾਂ ਨੂੰ ਅਨਮੋਲ ਪ੍ਰਵਚਨਾਂ ਰਾਹੀਂ ਨਿਹਾਲ ਕਰਦੇ ਹੋਏ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲੇ, ਹੇਠਾਂ ਹਾਜ਼ਰ ਸੰਗਤ। ਤਸਵੀਰ: ਮੇਜਰ ਹੰਬੜਾਂ

# ਮੋਟਰਸਾਈਕਲ ਸਵਾਰ ਹੈਰੋਇਨ ਸਮੇਤ ਕਾਬੂ

ਸਿੱਧਵਾਂ ਬੇਟ, 19 ਅਕਤੂਬਰ (ਜਸਵੰਤ ਸਿੰਘ ਸਲੇਮਪੁਰੀ)-ਪੁਲਿਸ ਜ਼ਿਲ੍ਹਾ ਲੁਧਿਆਣਾ (ਦਿਹਾਤੀ) ਦੇ ਮੁਖੀ ਡਾ. ਅੰਕੁਰ ਗੁਪਤਾ ਵਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਥਾਣਾ ਸਿੱਧਵਾਂ ਬੇਟ ਦੀ ਪੁਲਿਸ ਚੌਂਕੀ ਗਿੱਦੜਵਿੰਡੀ ਦੇ ਇੰਚਾਰਜ ਏ.ਐੱਸ.ਆਈ. ਸੁਖਮੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵਲੋਂ ਪਿੰਡ ਅੱਬੂਪੁਰਾ ਦੇ ਬੱਸ ਅੱਡੇ ਕੋਲ ਸ਼ੱਕੀ ਲੋਕਾਂ ਦੀ ਤਲਾਸ਼ੀ ਲਈ ਕੀਤੀ ਗਈ ਨਾਕਾਬੰਦੀ ਦੌਰਾਨ ਕਿਸੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਰਣਜੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਨਵਾਂ ਪਿੰਡ ਝੁੱਗੀਆਂ ਥਾਣਾ ਮਹਿਤਪੁਰ (ਜਲੰਧਰ) ਅਤੇ ਮੰਗਤ ਰਾਮ ਉਰਫ਼ ਮੰਗਤ ਵਾਸੀ ਮਹਿਬੜਾ ਥਾਣਾ ਰਤੀਆ ਜ਼ਿਲ੍ਹਾ ਫਤਿਹਾਬਾਦ (ਹਰਿਆਣਾ) ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਜੋ ਅੱਜ ਵੀ ਆਪਣੇ ਮੋਟਰਸਾਈਕਲ ਸਪਲੈਂਡਰ ਪੀ.ਬੀ. 08 ਈ.ਡਵ-8735 'ਤੇ ਸਵਾਰ ਹੋ ਕੇ ਮੱਧੇਪੁਰ ਵਾਲੀ ਸਾਈਡ ਤੋਂ ਦਰਿਆ ਬੁੱਢੇ ਨਾਲ ਦੀ ਪਟੜੀ ਰਾਹੀਂ ਸਫੀਪੁਰਾ ਚੌਂਕ ਵੱਲ ਨੂੰ ਆ ਰਹੇ ਹਨ, ਜੇਕਰ ਹੁਣੇ ਹੀ ਰਸਤੇ ਵਿਚ ਨਾਕਾਬੰਦੀ ਕਰ ਲਈ ਜਾਵੇ ਤਾਂ ਉਕਤ ਸਖ਼ਸ ਹੈਰੋਇਨ ਸਮੇਤ ਕਾਬੂ ਆ ਸਕਦੇ ਹਨ। ਉਪਰੰਤ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਹਾਂ ਨੂੰ 150 ਗ੍ਰਾਮ ਹੈਰੋਇਨ ਸਮੇਤ ਮੋਟਰਸਾਈਕਲ ਕਾਬੂ ਕਰ ਲਿਆ। ਜਿਨ੍ਹਾਂ ਖ਼ਿਲਾਫ਼ ਥਾਣਾ ਸਿੱਧਵਾਂ ਬੇਟ ਵਿਖੇ ਨਸ਼ਾ ਵਿਰੋਧੀ ਐਕਟ ਤਹਿਤ ਮੁਕੱਦਮਾਂ ਨੰ: 247 ਦਰਜ ਕੀਤਾ ਗਿਆ।



ਡੀ.ਏ.ਵੀ. ਸਕੂਲ ਜਗਰਾਉਂ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਮੌਕੇ ਬੱਚੇ ਬਣਾਈ ਰੰਗੋਲੀ ਦਿਖਾਉਂਦੇ ਹੋਏ। ਅਜੀਤ ਤਸਵੀਰ

# ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਨੇ ਸੰਗਤਾਂ ਨੂੰ ਪ੍ਰਵਚਨਾਂ ਨਾਲ ਕੀਤਾ ਨਿਹਾਲ

ਹੰਬੜਾਂ, 19 ਅਕਤੂਬਰ (ਮੇਜਰ ਹੰਬੜਾਂ)-ਕਸਬਾ ਹੰਬੜਾਂ ਵਿਖੇ ਚੱਲ ਰਹੇ ਗੁਰਮਤਿ ਸਮਾਗਮਾਂ 'ਚ ਸ੍ਰੀਮਾਨ ਸੰਤ ਬਾਬਾ ਬਲਵੰਤ ਸਿੰਘ ਟਾਂਡੇ ਵਾਲਿਆਂ ਦੇ ਤਪ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਵਲੋਂ ਸਜਾਏ ਗਏ ਧਾਰਮਿਕ ਦੀਵਾਨਾਂ ਦੇ ਦੂਸਰੇ ਦਿਨ ਸੰਗਤਾਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰੀ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਚਾਰ ਰੋਜ਼ਾ ਗੁਰਮਤਿ ਸਮਾਗਮਾਂ ਦੇ ਦੂਸਰੇ ਦਿਨ ਵੱਖ-ਵੱਖ ਕੀਰਤਨੀ ਜਥਿਆਂ ਵਲੋਂ ਸੰਗਤਾਂ ਨੂੰ ਰਸਭਿੰਨੇ ਕੀਰਤਨ ਰਾਹੀਂ ਨਿਹਾਲ ਕੀਤਾ, ਉੱਥੇ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਨੇ ਸੰਗਤਾਂ ਨੂੰ ਅਨਮੋਲ ਪ੍ਰਵਚਨਾਂ ਰਾਹੀਂ ਨਿਹਾਲ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਵੱਲ ਪ੍ਰੇਰਿਤ ਕੀਤਾ। ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਨੇ ਸੰਗਤਾਂ ਨਾਲ ਪ੍ਰਵਚਨਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਜੋ ਜੀਵ ਸਾਡੇ ਗੁਰੂਆਂ ਦੇ ਦਿਖਾਏ ਮਾਰਗ 'ਤੇ ਚੱਲਦੇ ਹਨ, ਉਹ ਮਨੁੱਖੀ ਜੀਵਨ ਸਫ਼ਲਾ ਕਰ ਲੈਂਦੇ ਹਨ ਤੇ ਉਹ ਜੀਵਨ ਵਿਚ ਸੁੱਖ ਹੀ ਸੁੱਖ ਪਾਉਂਦੇ ਹਨ। ਭਾਈ ਗੁਰਦੀਪ ਸਿੰਘ ਮੂੰਮ ਨੇ ਜਿੱਥੇ ਗੁਰਮਤਿ ਸਮਾਗਮ 'ਚ ਹਾਜ਼ਰੀ ਭਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ ਉੱਥੇ ਪ੍ਰਬੰਧਕਾਂ ਦੀ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਸਰਪ੍ਰਸਤ ਤੇਜਾ ਸਿੰਘ ਗਿੱਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਅੱਜ 20 ਅਕਤੂਬਰ ਦਿਨ ਸੋਮਵਾਰ ਨੂੰ ਸਮਾਗਮ ਦੇ ਅਖੀਰਲੇ ਦਿਨ ਸ਼ਾਮ 7 ਵਜੇ ਤੋਂ 10 ਵਜੇ ਤੱਕ ਗੁਰਦੁਆਰਾ ਸਾਹਿਬ ਚੜ੍ਹਦੀ ਕਲਾ 'ਚ ਪੁੱਜਕੇ ਗੁਰੂ ਜਸ ਖੱਟਦਿਆਂ ਲਾਹਾ ਪ੍ਰਾਪਤ ਕਰਨ।



ਜਤਿੰਦਰਾ ਗਰੀਨ.ਫੀਲਡ ਸਕੂਲ ਗੁਰੂਸਰ ਸੁਧਾਰ ਵਿਖੇ ਰੰਗੋਲੀ ਤੇ ਹੋਰ ਸਜਾਵਟ ਕਰਕੇ ਦੀਵਾਲੀ ਦਾ ਤਿਉਹਾਰ ਮਨਾਉਣ ਸਮੇਂ ਸਕੂਲੀ ਵਿਦਿਆਰਥੀ। ਤਸਵੀਰ: ਬਲਵਿੰਦਰ ਸਿੰਘ ਧਾਲੀਵਾਲ

# ਜਤਿੰਦਰਾ ਗਰੀਨ.ਫੀਲਡ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਗੁਰੂਸਰ ਸੁਧਾਰ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)-ਇਲਾਕੇ ਅਤੇ ਦਿਹਾਤੀ ਖੇਤਰ ਦੀ ਨਾਮਵਰ ਵਿੱਦਿਅਕ ਸੰਸਥਾ ਜਤਿੰਦਰਾ ਗਰੀਨ.ਫੀਲਡ ਸਕੂਲ ਗੁਰੂਸਰ ਵਿਖੇ ਦੀਵਾਲੀ ਦਾ ਤਿਉਹਾਰ ਵਿਦਿਆਰਥੀਆਂ ਵਲੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿਚ ਬੱਚਿਆਂ ਨੂੰ ਤਿਉਹਾਰ ਦੀ ਜਾਣਕਾਰੀ ਦੇਣ ਤੋਂ ਇਲਾਵਾ ਵੱਖ-ਵੱਖ ਹਾਊਸਾਂ ਦੇ ਕਰਵਾਏ ਗਏ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਰੰਗੋਲੀ ਬਣਾਉਣ, ਮੋਮਬੱਤੀਆਂ ਸਜਾਉਣ, ਟੋਰਨ ਬਣਾਉਣ ਅਤੇ ਬੁਲੇਟਿਨ ਬੋਰਡ ਮੁਕਾਬਲੇ ਵਿਚ ਹਿੱਸਾ ਲਿਆ। ਸਕੂਲੀ ਬੱਚਿਆਂ ਨੇ ਆਪਣੀਆਂ-ਆਪਣੀਆਂ ਜਮਾਤਾਂ ਨੂੰ ਰੰਗੋਲੀ ਆਦਿ ਤੋਂ ਇਲਾਵਾ ਹੋਰ ਸਜਾਵਟੀ ਚੀਜ਼ਾਂ ਨਾਲ ਸਜਾ ਕੇ ਸਕੂਲ ਦੇ ਮਾਹੌਲ ਨੂੰ ਦੀਵਾਲੀ ਦੇ ਰੰਗ ਵਿਚ ਰੰਗ ਦਿੱਤਾ। ਘਰਾਂ ਤੋਂ ਬਣਾ ਕੇ ਲਿਆਂਦੇ ਗਏ ਪਕਵਾਨਾਂ ਦਾ ਵੀ ਬੱਚਿਆਂ ਨੇ ਖ਼ੂਬ ਆਨੰਦ ਮਾਣਿਆ। ਸਕੂਲ ਪ੍ਰਧਾਨ ਡਾ: ਐੱਚ.ਐੱਸ. ਧਾਲੀਵਾਲ, ਮੈਨੇਜਿੰਗ ਡਾਇਰੈਕਟਰ ਡਾ: ਮਨਪ੍ਰੀਤ ਕੌਰ ਧਾਲੀਵਾਲ, ਪ੍ਰਿੰ: ਚੰਦਰ ਸ਼ੇਖ਼ਰ ਨੇ ਵਿਦਿਆਰਥੀਆਂ ਨੂੰ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਨੂੰ ਪਵਿੱਤਰਤਾ ਨਾਲ ਮਨਾਉਣ ਦੀ ਅਪੀਲ ਕੀਤੀ।

# ਡੀ.ਏ.ਵੀ. ਸਕੂਲ ਜਗਰਾਉਂ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਜਗਰਾਉਂ, 19 ਅਕਤੂਬਰ (ਵਿਨੋਦ ਕੁਮਾਰ)-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਜਗਰਾਉਂ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਵੇਦ ਵਰਤ ਪਲਾਹ ਨੇ ਦੱਸਿਆ ਕਿ ਦੀਵਾਲੀ ਦੇ ਸ਼ੁਭ ਮੌਕੇ 'ਤੇ ਸਕੂਲ ਵਿਚ ਇਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਪ੍ਰਿੰਸੀਪਲ ਨੇ ਦੀਵਾਲੀ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਬੱਚਿਆਂ ਨੂੰ ਗ੍ਰੀਨ ਦੀਵਾਲੀ ਮਨਾਉਣ ਲਈ ਉਤਸ਼ਾਹਿਤ ਕੀਤਾ। ਇਸ ਵਿਸ਼ੇਸ਼ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ, ਗੀਤ, ਕਵਿਤਾਵਾਂ ਅਤੇ ਨੁੱਕੜ ਨਾਟਕ ਪੇਸ਼ ਕੀਤੇ, ਜੋ ਸਮਾਜ ਨੂੰ 'ਗ੍ਰੀਨ ਦੀਵਾਲੀ, ਸੁਰੱਖਿਅਤ ਦੀਵਾਲੀ' ਮਨਾਉਣ ਦਾ ਸੰਦੇਸ਼ ਦਿੰਦੇ ਹਨ। ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਸਪੰਜ ਪ੍ਰਿੰਟਿੰਗ, ਬੁਰਸ਼ ਪੇਂਟਿੰਗ, ਰੰਗ, ਲੈਂਪ ਮੇਕਿੰਗ ਅਤੇ ਕਰਾਫਟ ਪੇਪਰ ਗਤੀਵਿਧੀਆਂ ਵਿਚ ਹਿੱਸਾ ਲਿਆ। ਇਸ ਤੋਂ ਇਲਾਵਾ ਸਟੇਜ 'ਤੇ ਇਨ੍ਹਾਂ ਵਿਦਿਆਰਥੀਆਂ ਨੇ ਗੀਤ, ਨਾਚ ਅਤੇ ਰਾਮਾਇਣ ਕਹਾਣੀ ਦੇ ਦ੍ਰਿਸ਼ ਪੇਸ਼ ਕੀਤੇ, ਜਿਸ ਨਾਲ ਦੀਵਾਲੀ ਦੀ ਮਹੱਤਤਾ ਨੂੰ ਉਜਾਗਰ ਕੀਤਾ ਗਿਆ। ਤੀਜੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਦੀਵੇ, ਮੋਮਬੱਤੀਆਂ ਸਜਾਉਣ, ਤੋਰਨ ਬਣਾਉਣ, ਕੰਧ 'ਤੇ ਲਟਕਾਉਣ ਅਤੇ ਰੰਗੋਲੀ ਸਮੇਤ ਕਈ ਗਤੀਵਿਧੀਆਂ ਕੀਤੀਆਂ। ਵਿਦਿਆਰਥੀਆਂ ਨੇ ਇਨ੍ਹਾਂ ਗਤੀਵਿਧੀਆਂ 'ਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਅਧਿਆਪਕਾਂ ਨੂੰ ਤੋਹਫ਼ੇ ਭੇਟ ਕੀਤੇ ਗਏ ਸਨ।



ਡਿਕਸ਼ਨ ਕੰਪਨੀ ਦੇ ਐੱਮ.ਡੀ. ਰਾਜੇਸ਼ ਗੁਪਤਾ, ਐੱਚ.ਆਰ. ਮਨੋਜ਼ ਠਾਕੁਰ ਹੰਬੜਾਂ ਦੇ ਵਿਕਾਸ ਕਾਰਜਾਂ ਲਈ ਪੰਚਾਇਤ ਨੂੰ ਚੈੱਕ ਭੇਟ ਕਰਨ ਸਮੇਂ, ਨਾਲ ਪ੍ਰਧਾਨ ਮਨਜੀਤ ਸਿੰਘ ਹੰਬੜਾਂ, ਸਰਪੰਚ ਚਰਨ ਸਿੰਘ ਗੁਰੂ, ਰਣਯੋਧ ਸਿੰਘ ਜੱਗਾ ਅਤੇ ਹੋਰ ਪਤਵੰਤੇ। ਤਸਵੀਰ: ਮੇਜਰ ਹੰਬੜਾਂ

# ਦੀਵਾਲੀ ਦੇ ਤਿਉਹਾਰ ਸਮੇਂ ਡਿਕਸ਼ਨ ਕੰਪਨੀ ਵਲੋਂ ਹੰਬੜਾਂ ਦੇ ਵਿਕਾਸ ਕਾਰਜਾਂ ਲਈ ਚੈੱਕ ਭੇਟ

ਹੰਬੜਾਂ, 19 ਅਕਤੂਬਰ (ਮੇਜਰ ਹੰਬੜਾਂ, ਹਰਵਿੰਦਰ ਸਿੰਘ ਮੱਕੜ)-ਦੀਵਾਲੀ ਦੇ ਪਵਿੱਤਰ ਤਿਉਹਾਰ ਦੀ ਖ਼ੁਸ਼ੀ 'ਚ ਕਸਬਾ ਹੰਬੜਾਂ ਦੀ ਡਿਕਸ਼ਨ ਕੰਪਨੀ ਵਲੋਂ ਸਮਾਗਮ ਕਰਵਾਇਆ ਗਿਆ, ਜਿਸ ਵਿਚ ਡਿਕਸ਼ਨ ਕੰਪਨੀ ਦੇ ਐੱਮ.ਡੀ ਸ੍ਰੀ ਰਾਜੇਸ਼ ਗੁਪਤਾ, ਹੈੱਡ ਇੰਚਾਰਜ ਸ੍ਰੀ ਮਨੋਜ਼ ਠਾਕੁਰ ਵਲੋਂ ਸਮੂਹ ਗ੍ਰਾਮ ਪੰਚਾਇਤ ਹੰਬੜਾਂ, ਗੁਰਦੁਆਰਾ ਸਾਹਿਬ ਚੜ੍ਹਦੀ ਕਲਾ ਪ੍ਰਬੰਧਕ ਕਮੇਟੀ, ਮਾਂ ਭਗਵਤੀ ਮੰਦਿਰ ਕਮੇਟੀ ਨੂੰ ਹਰੇਕ ਸਾਲ ਦੀ ਤਰ੍ਹਾਂ ਵਿਕਾਸ ਕਾਰਜਾਂ ਲਈ ਚੈੱਕ ਭੇਟ ਕੀਤੇ ਗਏ। ਡਿਕਸ਼ਨ ਕੰਪਨੀ ਦੇ ਐੱਮ.ਡੀ ਸ੍ਰੀ ਗੁਪਤਾ ਨੇ ਕਿਹਾ ਕਿ ਕੰਪਨੀ ਵਲੋਂ ਹਰੇਕ ਸਾਲ ਦੀ ਤਰ੍ਹਾਂ ਨਗਰ ਦੇ ਵਿਕਾਸ ਕਾਰਜਾਂ ਦੇ ਨਾਲ ਧਾਰਮਿਕ ਸਥਾਨਾਂ ਲਈ ਸਹਿਯੋਗ ਜਾਰੀ ਰੱਖਿਆ ਹੈ ਤੇ ਅੱਗੇ ਵੀ ਸੇਵਾ ਜਾਰੀ ਰਹੇਗਾ। ਸੀਨੀਅਰ ਆਗੂ ਪ੍ਰਧਾਨ ਮਨਜੀਤ ਸਿੰਘ ਹੰਬੜਾਂ ਨੇ ਜਿੱਥੇ ਡਿਕਸ਼ਨ ਕੰਪਨੀ ਦੀ ਮੈਨੇਜਮੈਂਟ ਦਾ ਧੰਨਵਾਦ ਕੀਤਾ ਉੱਥੇ ਕਿਹਾ ਕਿ ਕੰਪਨੀ ਵਲੋਂ ਇਲਾਕੇ ਦੇ ਨੌਜਵਾਨਾਂ ਨੂੰ ਦਿੱਤੇ ਜਾ ਰਹੇ ਰੋਜ਼ਗਾਰ ਲਈ ਅਸੀਂ ਕੰਪਨੀ ਦੇ ਹਮੇਸ਼ਾਂ ਰਿਣੀ ਰਹਾਂਗੇ। ਸਰਪੰਚ ਚਰਨ ਸਿੰਘ ਗੁਰੂ, ਸਾਬਕਾ ਸਰਪੰਚ ਰਣਯੋਧ ਸਿੰਘ ਜੱਗਾ, ਸਾਬਕਾ ਸਰਪੰਚ ਪੰਚਾਇਤ ਮੈਂਬਰ ਬਲਵੀਰ ਸਿੰਘ ਕਲੇਰ, ਸਰਪ੍ਰਸਤ ਤੇਜਾ ਸਿੰਘ ਗਿੱਲ, ਸੀਨੀ: ਮੀਤ ਪ੍ਰਧਾਨ ਭੁਪਿੰਦਰ ਸਿੰਘ ਮਠਾੜੂ ਨੇ ਵੀ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਭਾਈ ਮਨਜੀਤ ਸਿੰਘ ਭੈਰੋਮੁੰਨਾਂ, ਕੈਪਟਨ ਫਤਿਹ ਸਿੰਘ ਵਲੀਪੁਰ ਕਲਾਂ, ਸੂਬੇਦਾਰ ਬਲਜੀਤ ਸਿੰਘ ਵਲੀਪੁਰ ਕਲਾਂ, ਪੰਚ ਅਵਤਾਰ ਸਿੰਘ ਭੰਦੋਲ, ਪੰਚ ਕੁਲਵਿੰਦਰ ਸਿੰਘ, ਪੰਚ ਜਗਦੀਸ਼ ਕੌਰ, ਪੰਚ ਖ਼ੁਸ਼ਪ੍ਰੀਤ ਸਿੰਘ ਥਿੰਦ, ਪੰਚ ਅਜੀਤ ਸਿੰਘ ਢਿੱਲੋਂ, ਪੰਚ ਗੁਰਚਰਨ ਸਿੰਘ ਬਾਠ, ਕੁਲਵੰਤ ਸਿੰਘ ਬਾਠ, ਕਪਿਲ ਗੁਪਤਾ, ਅਸ਼ੋਕ ਕੁਮਾਰ ਗੁਪਤਾ, ਪਵਨ ਕੁਮਾਰ ਗੁਪਤਾ ਅਤੇ ਹੋਰ ਪਿੰਡ ਵਾਸੀ ਵੀ ਮੌਜੂਦ ਸਨ। ਕੰਪਨੀ ਵਲੋਂ ਆਏ ਪਤਵੰਤਿਆਂ ਨੂੰ ਦੀਵਾਲੀ ਦੇ ਤੋਹਫ਼ੇ ਦੇ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।



ਹਠੂਰ ਵਿਖੇ ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਖਾਣ ਵਾਲੀਆਂ ਵਸਤਾਂ ਦਾ ਨਿਰੀਖਣ ਕਰਨ ਸਮੇਂ ਡਾ. ਸਬਦੀਪ ਸਿੰਘ ਸਰਾਂ ਤੇ ਟੀਮ। ਤਸਵੀਰ: ਛਿੰਦਾ

# ਦੀਵਾਲੀ ਨੂੰ ਮੁੱਖ ਰੱਖਦਿਆਂ ਖਾਣ ਵਾਲੀਆਂ ਵਸਤਾਂ ਦਾ ਕੀਤਾ ਨਿਰੀਖਣ

ਹਠੂਰ, 19 ਅਕਤੂਬਰ (ਜਸਵਿੰਦਰ ਸਿੰਘ ਛਿੰਦਾ)-ਐੱਸ.ਐੱਮ.ਓ. ਡਾ. ਅਮਨ ਸ਼ਰਮਾ ਸੀ.ਐੱਚ.ਸੀ. ਹਠੂਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੈਡੀਕਲ ਅਫ਼ਸਰ ਡਾ. ਸਬਦੀਪ ਸਿੰਘ ਸਰਾਂ ਦੀ ਯੋਗ ਅਗਵਾਈ 'ਚ ਟੀਮ ਵਲੋਂ ਦੀਵਾਲੀ ਦੇ ਤਿਉਹਾਰ ਦੇ ਮੁੱਖ ਰੱਖਦਿਆਂ ਹਠੂਰ ਵਿਖੇ ਮਠਿਆਈ ਵਾਲੀਆਂ, ਫਾਸਟ ਫੂਡ, ਚਿਕਨ ਵਾਲੀਆਂ, ਫਰੂਟ, ਸਬਜ਼ੀਆਂ ਦੀਆਂ ਦੁਕਾਨਾਂ ਦਾ ਨਿਰੀਖਣ ਕੀਤਾ ਅਤੇ ਖ਼ਰਾਬ ਸਮਾਨ ਨੂੰ ਮੌਕੇ 'ਤੇ ਨਸ਼ਟ ਕਰਵਾਇਆ ਗਿਆ ਅਤੇ ਅੱਗੇ ਤੋਂ ਅਜਿਹਾ ਸਮਾਨ ਵੇਚਣ ਦੀ ਤਾੜਨਾ ਕੀਤੀ। ਇਸ ਮੌਕੇ ਕੁਲਜੀਤ ਸਿੰਘ ਬਲਾਕ ਐਜੂਕੇਟਰ, ਪ੍ਰਕਾਸ਼ ਸਿੰਘ ਬੀਹਲਾ ਹੈਲਥ ਇੰਸਪੈਕਟਰ, ਭੁਪਿੰਦਰ ਸਿੰਘ, ਰਾਕੇਸ਼ ਕੁਮਾਰ, ਹਰਬੰਸ ਸਿੰਘ ਤਿੰਨੋਂ ਮਲਟੀਪਰਪਜ਼ ਹੈਲਥ ਵਰਕਰ ਮੇਲ ਅਤੇ ਬੂਟਾ ਸਿੰਘ ਦਰਜ਼ਾ ਚਾਰ ਕਰਮਚਾਰੀ ਹਾਜ਼ਰ ਸਨ।

# ਬੱਦੋਵਾਲ 'ਚ ਗ਼ਦਰੀ ਬਾਬਾ ਹਰੀ ਸਿੰਘ ਉਸਮਾਨ ਦੇ ਜਨਮ ਦਿਨ ਮੌਕੇ ਦੇਸ਼ ਭਗਤ ਸਮਾਗਮ

ਮੁੱਲਾਂਪੁਰ-ਦਾਖਾ, 19 ਅਕਤੂਬਰ (ਨਿਰਮਲ ਸਿੰਘ ਧਾਲੀਵਾਲ)-ਕੌਮਾਗਾਟਾਮਾਰੂ ਯਾਦਗਾਰ ਕਮੇਟੀ ਬੱਦੋਵਾਲ ਵਲੋਂ ਮਹਾਨ ਗ਼ਦਰੀ, ਅਜ਼ਾਦ ਹਿੰਦ ਫੌਜ਼ ਦੇ ਜਰਨੈਲ ਬਾਬਾ ਹਰੀ ਸਿੰਘ ਉਸਮਾਨ ਦੇ ਜਨਮ ਦਿਨ ਮੌਕੇ ਪਿੰਡ ਬੱਦੋਵਾਲ ਦੇ ਵੱਡਾ ਗੁਰਦੁਆਰਾ ਸਾਹਿਬ ਦੇ ਸਾਹਮਣੇ ਵਿਸ਼ਾਲ ਦੇਸ਼ ਭਗਤ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਪ੍ਰਿਥੀਪਾਲ ਸਿੰਘ ਮਾੜੀ ਮੇਘਾ ਜਨਰਲ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ, ਐਡਵੋਕੇਟ ਕੁਲਦੀਪ ਸਿੰਘ ਕਿਲਾ ਰਾਇਪੁਰ, ਮਾਸਟਰ ਜਸਦੇਵ ਸਿੰਘ ਲਲਤੋਂ (ਕੌਮਾਗਾਟਾਮਾਰੂ ਯਾਦਗਾਰ ਕਮੇਟੀ ਜ਼ਿਲ੍ਹਾ ਲੁਧਿਆਣਾ) ਤੇ ਉਜਾਗਰ ਸਿੰਘ ਬੱਦੋਵਾਲ (ਬੱਦੋਵਾਲ ਕਮੇਟੀ), ਬਚਿੱਤਰ ਸਿੰਘ, ਸਤਿੰਦਰ ਸਿੰਘ ਜਵੱਦੀ, ਗੁਰਮੇਲ ਸਿੰਘ ਢੱਟ ਵਲੋਂ ਕੀਤੀ। ਹਾਜ਼ਰੀਨਾਂ ਵਲੋਂ 2 ਮਿੰਟ ਮੌਨ ਧਾਰ ਕੇ ਗ਼ਦਰੀ ਬਾਬਾ ਹਰੀ ਸਿੰਘ ਉਸਮਾਨ ਸਮੇਤ ਸਮੂਹ ਦੇਸ਼ ਭਗਤ ਸ਼ਹੀਦਾਂ ਅਤੇ ਯੋਧਿਆਂ ਨੂੰ ਨਿੱਘੀ ਤੇ ਭਾਵ-ਭਿੰਨੀ ਸ਼ਰਧਾਂਜਲੀ ਦਿੱਤੀ। ਇਕੱਤਰਤਾ ਨੂੰ ਸੰਬੋਧਨ ਸਮੇਂ ਐਡਵੋਕੇਟ ਕੁਲਦੀਪ ਸਿੰਘ, ਪ੍ਰਿਥੀਪਾਲ ਸਿੰਘ, ਜਸਦੇਵ ਸਿੰਘ ਲਲਤੋਂ, ਢਾਡੀ ਕਮਲ ਸਿੰਘ ਬੱਦੋਵਾਲ, ਬਚਿੱਤਰ ਸਿੰਘ ਪੀ.ਆਰ.ਕੀ.ਸੀ, ਕਾਮਰੇਡ ਤਰਸੇਮ ਜੋਧਾਂ, ਜਸਵੀਰ ਕੌਰ ਜੋਧਾਂ, ਸੁਖਵਿੰਦਰ ਸਿੰਘ ਜੱਗਾ, ਨਿਰਮਲ ਸਿੰਘ ਬੱਦੋਵਾਲ ਹੋਰਨਾਂ ਵਲੋਂ ਗ਼ਦਰੀ ਬਾਬਾ ਹਰੀ ਸਿੰਘ ਉਸਮਾਨ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਜ਼ਿੰਦਗੀ ਬਾਰੇ ਜਾਣੂ ਕਰਵਾਇਆ। ਬੁਲਾਰਿਆਂ ਨੇ ਦੱਸਿਆ ਕਿ ਭਾਰਤ ਦੀ ਆਜ਼ਾਦੀ ਲਈ ਹਥਿਆਰਾਂ ਦਾ ਭਰਿਆ ਸਮੁੰਦਰੀ ਜਹਾਜ਼ ਜਕਾਰਤਾ (ਜਾਵਾ) ਵਿਖੇ ਲਿਆਉਣ ਅਤੇ ਕਈ ਦੇਸ਼ਾਂ 'ਚ ਘੁੰਮ ਕੇ ਅਨੇਕਾਂ ਗ਼ਦਰੀ ਯੋਧੇ ਸਿਰਜਣ ਵਾਲੇ ਬਾਬਾ ਹਰੀ ਸਿੰਘ ਉਸਮਾਨ ਨੇ ਆਜ਼ਾਦ ਹਿੰਦ ਫੌਜ ਦੀ ਜੰਗ ਵਿਚ ਪੁੱਤਰ ਸ਼ਹੀਦ ਕਰਵਾ ਕੇ ਆਪਣਾ ਆਪ ਦੇਸ਼ ਨੂੰ ਸਮਰਪਿਤ ਕੀਤਾ, ਉਨ੍ਹਾਂ ਦੀ ਕੁਰਬਾਨੀ ਮਹਾਨ ਹੈ। ਮਾ: ਜਸਦੇਵ ਸਿੰਘ ਲਲਤੋਂ ਵਲੋਂ ਬਾਬਾ ਹਰੀ ਸਿੰਘ ਉਸਮਾਨ ਦੁਆਰਾ ਫਿਲਪਾਈਨ, ਅਮਰੀਕਾ, ਇੰਡੋਨੇਸ਼ੀਆ ਦੇ ਨਾਲ ਹਾਂਗਕਾਂਗ, ਪਿਨਾਂਗ, ਸਿੰਘਾਪੁਰ, ਰੰਗੂਨ ਅਤੇ ਬੈਂਕਾਕ 'ਚ ਨਵੇਂ ਗਦਰ ਤੇ ਆਜ਼ਾਦ ਹਿੰਦ ਫੌਜ਼ ਲਈ ਕੀਤੇ ਕਾਰਜਾਂ ਬਾਰੇ ਜਾਣੂ ਕਰਵਾਇਆ। ਉਜਾਗਰ ਸਿੰਘ ਬੱਦੋਵਾਲ ਵਲੋਂ ਦੇਸ਼ ਭਗਤ ਸਮਾਗਮ ਵਿਚ ਪਹੁੰਚੇ ਮਹਿਮਾਨਾਂ, ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਦੇਸ਼ ਭਗਤਾਂ ਦੇ ਅਧੂਰੇ ਮਿਸ਼ਨ ਨੂੰ ਪੂਰਾ ਕਰਨ ਲਈ ਲੋਕ ਲਹਿਰ ਤੇਜ਼ ਕਰਨ ਦਾ ਸੱਦਾ ਦਿੱਤਾ। ਇਸ ਸਮੇਂ ਲੋਕ ਗਾਇਕ ਰਾਮ ਸਿੰਘ ਹਠੂਰ ਨੇ ਇਨਕਲਾਬੀ, ਲੋਕਪੱਖੀ ਅਤੇ ਦੇਸ਼ ਪ੍ਰੇਮ ਵਾਲੇ ਗੀਤਾਂ-ਕਵੀਸ਼ਰੀਆਂ ਦਾ ਕਲਾਮਈ ਰੰਗ-ਬੰਨ੍ਹਿਆ। ਇਸ ਸਮੇਂ ਸਰਪੰਚ ਗ੍ਰਾਮ ਪੰਚਾਇਤ ਬੱਦੋਵਾਲ ਜਸਮੀਤ ਕੌਰ ਗਰੇਵਾਲ, ਰਾਜਵਿੰਦਰ ਸਿੰਘ ਰਾਜੂ, ਗੁਰਦੁਆਰਾ ਕਮੇਟੀ ਪ੍ਰਧਾਨ ਪੰਚ ਸੁਖਵਿੰਦਰ ਸਿੰਘ ਜੱਗਾ, ਤਪਿੰਦਰ ਸਿੰਘ ਭਿੰਦਾ, ਅਵਤਾਰ ਸਿੰਘ ਸੁਨੇਤ, ਐਡਵੋਕੇਟ ਗੁਰਚਰਨਜੀਤ ਸਿੰਘ, ਐਡਵੋਕੇਟ ਨਰਿੰਦਰ ਸਿੰਘ, ਮੈਨੇਜਰ ਬਲਜਿੰਦਰਪਾਲ ਸਿੰਘ ਬਿੱਲੂ, ਗੁਰਦੇਵ ਸਿੰਘ ਮੁੱਲਾਂਪੁਰ, ਨੰਬਰਦਾਰ ਮੇਜਰ ਸਿੰਘ, ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਖ਼ਜ਼ਾਨਚੀ ਅਮਰੀਕ ਸਿੰਘ ਤਲਵੰਡੀ (ਦਸਮੇਸ਼ ਕਿਸਾਨ-ਮਜ਼ਦੂਰ ਯੂਨੀਅਨ), ਨਿਰਮਲ ਸਿੰਘ, ਢਾਡੀ ਕਮਲ ਸਿੰਘ, ਮਲਕੀਤ ਸਿੰਘ, ਮਨਦੀਪ ਸਿੰਘ, ਜਸਬੀਰ ਸਿੰਘ, ਦਲਜਿੰਦਰ ਸਿੰਘ ਬੂਟਾ, ਹੋਰ ਮੌਜੂਦ ਸਨ।



ਪਿੰਡ ਬੱਦੋਵਾਲ ਵਿਖੇ ਗ਼ਦਰੀ ਬਾਬਾ ਹਰੀ ਸਿੰਘ ਉਸਮਾਨ ਯਾਦਗਾਰੀ ਸਮਾਰੋਹ ਦੌਰਾਨ ਬੁੱਤ 'ਤੇ ਝੰਡਾ ਲਹਿਰਾਉਣ ਸਮੇਂ ਸਮਾਗਮ ਦੇ ਪ੍ਰਬੰਧਕ ਅਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂ। ਤਸਵੀਰ: ਕ੍ਰਿਪਾਲ ਹੰਬੜਾਂ

## ਜਨਮ ਦਿਨ ਮੁਬਾਰਕ



**ਵਿਕਰਮ ਸਿੰਘ ਗਿੱਲ**
ਪਿਤਾ: ਸਵਰਨ ਸਿੰਘ ਗਿੱਲ
ਮਾਤਾ: ਰਮਨਦੀਪ ਕੌਰ ਗਿੱਲ
ਪਿੰਡ: ਛੱਜਾਵਾਲ (ਜਗਰਾਉਂ)



**ਯਸ਼ਵੀਨ ਸ਼ਰਮਾ**
ਪਿਤਾ: ਗੌਰਿਸ਼ ਸ਼ਰਮਾ
ਮਾਤਾ: ਜਸਲੀਨ ਸ਼ਰਮਾ
ਵਾਸੀ: ਨਵੀਂ ਆਬਾਦੀ ਅਕਾਲਗੜ੍ਹ।

## 'ਅਜੀਤ' ਉਪ ਦਫ਼ਤਰਾਂ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਜਗਰਾਉਂ**

ਸ. ਸ਼ਮਸ਼ੇਰ ਸਿੰਘ ਗਾਲਿਬ 98148-91294
ਗੁਰ ਅਮਰ ਕੰਪਲੈਕਸ, ਤਹਿਸੀਲ ਰੋਡ 01624-226666


